ਵਿਧਾਇਕ ਕੁਲਦੀਪ ਸਿੰਘ ਵੈਦ ਪਿੰਡ ਹੁਸੈਨਪੁਰਾ ਵਿਖੇ ਟੈਕਨੀਕਲ ਆਈ.ਟੀ.ਆਈ. ਕਾਲਜ ਦਾ ਉਦਘਾਟਨ ਕਰਦੇ ਹੋਏ, ਨਾਲ ਖੁਸ਼ਦਮਨ ਸਿੰਘ ਗਰੇਵਾਲ, ਸਰਪੰਚ ਬਾਦਸ਼ਾਹ ਸਿੰਘ ਦਿਓਲ ਅਤੇ ਹੋਰ ਹਾਜ਼ਰੀਨ। ਤਸਵੀਰ-ਬਲਬੀਰ ਸਿੰਘ ਰਾਣਾ

ਵੈਦ ਨੇ ਹੁਸੈਨਪੁਰਾ ਵਿਖੇ ਕੀਤਾ ਟੈਕਨੀਕਲ ਆਈ. ਟੀ. ਆਈ. ਕਾਲਜ ਦਾ ਉਦਘਾਟਨ

ਲਾਡੋਵਾਲ, 3 ਜਨਵਰੀ (ਬਲਬੀਰ ਸਿੰਘ ਰਾਣਾ)- ਵਿਧਾਨ ਸਭਾ ਹਲਕਾ ਗਿੱਲ ਅਧੀਨ ਆਉਂਦੇ ਪਿੰਡ ਹੁਸੈਨਪੁਰਾ ਵਿਖੇ ਹਲਕਾ ਵਿਧਾਇਕ ਕੁਲਦੀਪ ਸਿੰਘ ਵੈਦ ਨੇ ਟੈਕਨੀਕਲ ਆਈ. ਟੀ. ਆਈ. ਕਾਲਜ ਬਣਾਉਣ ਦਾ ਨੀਂਹ ਪੱਥਰ ਯੂਥ ਆਗੂ ਖੁਸ਼ਦਮਨ ਸਿੰਘ ਗਰੇਵਾਲ ਉਰਫ਼ ਕੈਂਡੀ ਦੀ ਅਗਵਾਈ ਵਿਚ ਰੱਖਿਆ। ਇਸ ਮੌਕੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਕੁਲਦੀਪ ਸਿੰਘ ਵੈਦ ਨੇ ਕਿਹਾ ਕਿ ਇਲਾਕੇ ਦੇ ਲੋਕਾਂ ਦੀ ਮੰਗ ਨੂੰ ਪੂਰਾ ਕਰਦਿਆਂ ਹੁਸੈਨਪੁਰਾ ਵਿਖੇ ਅੱਜ ਟੈਕਨੀਕਲ ਆਈ.ਟੀ.ਆਈ. ਕਾਲਜ ਬਣਾਉਣ ਦਾ ਉਦਘਾਟਨ ਕੀਤਾ ਗਿਆ ਹੈ, ਜੋ ਸਾਢੇ 7 ਕਰੋੜ ਦੀ ਲਾਗਤ ਨਾਲ ਤਿਆਰ ਹੋਵੇਗਾ ਅਤੇ ਇਹ ਚਾਰ ਕਿਲੇ ਜ਼ਮੀਨ ਵਿਚ ਉਸਾਰਿਆ ਜਾਵੇਗਾ। ਉਨ੍ਹਾਂ ਕਿਹਾ ਕਿ ਹਲਕਾ ਗਿੱਲ ਦੇ ਬੇਟ ਇਲਾਕੇ ਵਿਚ ਕੋਈ ਅਜਿਹਾ ਕਾਲਜ ਜਾਂ ਟੈਕਨੀਕਲ ਆਈ.ਟੀ.ਆਈ. ਕਾਲਜ ਨਹੀਂ ਹੈ, ਜਿੱਥੋਂ ਇਲਾਕੇ ਦੇ ਹੋਣਹਾਰ ਬੱਚੇ ਮਿਆਰੀ ਅਤੇ ਉਚੇਰੀ ਸਿੱਖਿਆ ਹਾਸਲ ਕਰਕੇ ਆਪਣਾ ਭਵਿੱਖ ਸੰਵਾਰ ਸਕਣ। ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਕਾਂਗਰਸ ਪ੍ਰਦੇਸ਼ ਪ੍ਰਧਾਨ ਨਵਜੋਤ ਸਿੰਘ ਸਿੱਧੂ ਅਤੇ ਕੈਬਨਿਟ ਮੰਤਰੀ ਭਾਰਤ ਭੂਸ਼ਣ ਆਸ਼ੂ ਦੇ ਅਸ਼ੀਰਵਾਦ ਨਾਲ ਇਹ ਟੈਕਨੀਕਲ ਆਈ.ਟੀ.ਆਈ. ਕਾਲਜ 9 ਮਹੀਨਿਆਂ ਵਿਚ ਬਣ ਕੇ ਤਿਆਰ ਹੋ ਜਾਵੇਗਾ। ਇਸ ਮੌਕੇ ਕੌਂਸਲਰ ਹਰਕਰਨ ਸਿੰਘ ਵੈਦ, ਸਾਬਕਾ ਚੇਅਰਮੈਨ ਇੰਦਰਮੋਹਨ ਸਿੰਘ ਕਾਦੀਆਂ, ਪ੍ਰਧਾਨ ਮਨਜੀਤ ਸਿੰਘ ਹੰਬੜਾਂ, ਦਰਸ਼ਨ ਸਿੰਘ ਬੀਰਮੀ, ਸੁਰਿੰਦਰ ਸਿੰਘ ਪਵਾਰ, ਸਰਪੰਚ ਗੁਰਦੀਪ ਸਿੰਘ ਮੰਝਵੱਗੂਵਾਲ, ਸਰਪੰਚ ਬਾਦਸ਼ਾਹ ਸਿੰਘ ਦਿਓਲ, ਸਰਪੰਚ ਪਰਮਜੀਤ ਸਿੰਘ ਲਾਦੀਆਂ, ਸਰਪੰਚ ਬਲਕਾਰ ਸਿੰਘ ਸਰਪੰਚ ਸਤਪਾਲ ਸਿੰਘ, ਸਰਪੰਚ ਗੁਰਚਰਨ ਸਿੰਘ ਆਲੋਵਾਲ, ਹਰਦੇਵ ਸਿੰਘ ਬੋਪਾਰਾਏ, ਵਰਿੰਦਰ ਸਿੰਘ ਲਾਡੋਵਾਲ ਸੰਮਤੀ ਮੈਂਬਰ, ਕਸ਼ਮੀਰ ਸਿੰਘ ਮੰਝਵੱਗੂਵਾਲ, ਪੰਚ ਤਰਲੋਕ ਸਿੰਘ ਲਾਡੋਵਾਲ, ਮਨਜੀਤ ਸਿੰਘ ਆਲੋਵਾਲ, ਸਰਪੰਚ ਸੋਨੀ ਧੀਰ, ਸਰਪੰਚ ਵਿਜੇ ਸਿੰਘ ਹਜ਼ੂਰੀ ਬਾਗ਼, ਨੰਬਰਦਾਰ ਉਪਕਾਰ ਸਿੰਘ, ਸਰਪੰਚ ਪੰਨਾ ਲਾਲ, ਸਰਪੰਚ ਪਿੰਕੀ ਰਾਮ ਨਿਊ ਬਹਾਦਰਕੇ, ਬਾਬਾ ਕਾਲਾ ਸਿੰਘ ਸੁਰਜੀਤ ਸਿੰਘ ਮੰਗਾ, ਵੀਰ ਚੰਦ ਲਾਡੋਵਾਲ, ਚੇਅਰਮੈਨ ਕੁਲਦੀਪ ਸਿੰਘ ਧੰਗੂੜਾ, ਪ੍ਰਧਾਨ ਗੁਰਮੇਜ ਸਿੰਘ ਸਰਪੰਚ ਪ੍ਰਤਾਪ ਸਿੰਘ ਵਾਲਾ, ਗੁਰਮੀਤ ਸਿੰਘ ਬਾੜੇਵਾਲ, ਪ੍ਰਧਾਨ ਸਤਨਾਮ ਸਿੰਘ ਰਠੌਰ, ਰਿੱਕੀ ਤਲਵੰਡੀ, ਹਰਪ੍ਰੀਤ ਸਿੰਘ ਪੰਚ, ਸਰਪੰਚ ਰਣਯੋਧ ਸਿੰਘ ਜੱਗਾ, ਸਰਪੰਚ ਬਲਵੀਰ ਸਿੰਘ ਝੰਮਟ, ਜਥੇਦਾਰ ਕੁਲਵਿੰਦਰ ਸਿੰਘ, ਮੋਹਨ ਪੰਚ, ਹੈਪੀ ਬੌਂਕੜਾਂ, ਹਰਜੀਤ ਗਰੇਵਾਲ, ਮਨਦੀਪ ਹੰਬੜਾਂ, ਗੁਰਪ੍ਰੀਤ ਸਿੰਘ, ਸੋਨੀ ਗਿੱਲ, ਸਰਪੰਚ ਜਸਵਿੰਦਰ ਸਿੰਘ ਰਾਣਾ ਸਿੰਘਪੁਰਾ, ਗੁਰਲਾਲ ਸਿੰਘ, ਪ੍ਰਧਾਨ ਸਤਵਿੰਦਰ ਸਿੰਘ ਬਿੱਟੂ, ਲਾਲੀ ਸਰਪੰਚ ਲਲਤੋਂ, ਦਲਵੀਰ ਸਿੰਘ ਸਰਪੰਚ ਥਰੀਕੇ, ਸਰਪੰਚ ਗੁਰਪ੍ਰੀਤ ਸਿੰਘ ਗਿੱਲ ਆਦਿ ਹਾਜ਼ਰ ਸਨ।

ਕਾਲਜ 'ਤੇ ਸਾਢੇ 7 ਕਰੋੜ ਰੁ: ਖਰਚੇ ਜਾਣਗੇ-ਵਿਧਾਇਕ ਵੈਦ

ਜ਼ਿਲ੍ਹਾ ਚੋਣ ਅਧਿਕਾਰੀ ਵਲੋਂ ਚੋਣ ਜ਼ਾਬਤੇ ਬਾਰੇ ਸਮੂਹ ਐਸ. ਡੀ. ਐਮਜ਼ ਤੇ ਈ. ਆਰ. ਓਜ਼ ਨਾਲ ਮੀਟਿੰਗ

ਲੁਧਿਆਣਾ, 3 ਜਨਵਰੀ (ਪੁਨੀਤ ਬਾਵਾ)- ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਚੋਣਾਂ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਕੀਤੀਆਂ ਜਾ ਰਹੀਆਂ ਹੈ, ਜਿਸ ਦੇ ਤਹਿਤ ਹੀ ਅੱਜ ਡਿਪਟੀ ਕਮਿਸ਼ਨਰ ਲੁਧਿਆਣਾ ਕਮ ਜ਼ਿਲ੍ਹਾ ਚੋਣ ਅਧਿਕਾਰੀ ਵਰਿੰਦਰ ਕੁਮਾਰ ਸ਼ਰਮਾ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਚੋਣ ਜ਼ਾਬਤੇ ਦੇ ਸਬੰਧ ਵਿਚ ਜ਼ਿਲ੍ਹਾ ਲੁਧਿਆਣਾ ਦੇ ਸਮੂਹ ਐਸ.ਡੀ.ਐਮਜ਼ ਤੇ ਈ.ਆਰ.ਓਜ਼ ਨਾਲ ਵੀਡੀ ਕਾਨਫ਼ਰੰਸਿੰਗ ਰਾਹੀਂ ਮੀਟਿੰਗ ਕੀਤੀ ਗਈ। ਸ੍ਰੀ ਸ਼ਰਮਾ ਨੇ ਈ.ਆਰ.ਓਜ਼ ਵਲੋਂ ਆਗਾਮੀ ਵਿਧਾਨ ਸਭਾ ਚੋਣਾਂ ਸਬੰਧੀ ਕੀਤੀਆਂ ਜਾਂਦੀਆਂ ਗਤੀਵਿਧੀਆਂ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਚੋਣਾਂ ਸਬੰਧੀ ਚੋਣ ਜ਼ਾਬਤਾ ਕਿਸੇ ਵੀ ਸਮੇਂ ਲੱਗ ਸਕਦਾ ਹੈ, ਜਿਸ ਦੇ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾਣ। ਉਨ੍ਹਾਂ ਕਿਹਾ ਕਿ ਭਾਰਤ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕੋਵਿਡ ਮਹਾਂਮਾਰੀ ਕਾਰਨ ਪੋਲਿਸ ਸਟੇਸ਼ਨ ਵੱਧ ਸਥਾਪਤ ਕੀਤੇ ਜਾ ਰਹੇ ਹਨ ਜਿੱਥੇ ਹਰੇਕ ਪੋਲਿੰਗ ਸਟੇਸ਼ਨ 'ਤੇ 1200 ਤੋਂ ਵੱਧ ਵੋਟਰ ਨਹੀਂ ਹੋਣਗੇ। ਉਨ੍ਹਾਂ ਸਿਵਲ ਸਰਜਨ ਲੁਧਿਆਣਾ ਨਾਲ ਵੀਡੀਓ ਕਾਨਫਰੰਸਿੰਗ ਜ਼ਰੀਏ ਜ਼ਿਲ੍ਹਾ ਲੁਧਿਆਣਾ ਅੰਦਰ ਕੋਵਿਡ ਦੀ ਸਥਿਤੀ ਬਾਰੇ ਜਾਣਕਾਰੀ ਲਈ ਅਤੇ ਉਨ੍ਹਾਂ ਸਿਵਲ ਸਰਜਨ ਲੁਧਿਆਣਾ ਨੂੰ ਹਦਾਇਤ ਕੀਤੀ ਕਿ ਉਹ ਕੋਵਿਡ ਦੀ ਆਉਣ ਵਾਲੀ ਲਹਿਰ ਤੋਂ ਬਚਾਅ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰਨ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਵੈਕਸੀਨੇਸ਼ਨ ਲਗਵਾਉਣ ਲਈ ਪ੍ਰੇਰਿਤ ਕਰਨ। ਸ੍ਰੀ ਸ਼ਰਮਾ ਨੇ ਸਮੂਹ ਐਸ.ਡੀ.ਐਮ. ਅਤੇ ਈ.ਆਰ.ਓਜ਼ ਨੂੰ ਕਿਹਾ ਕਿ ਲੁਧਿਆਣਾ ਵਿਚ ਮਤਦਾਨ ਪ੍ਰਕਿਰਿਆ ਨੂੰ ਸੁਚਾਰੂ ਅਤੇ ਨਿਰਵਿਘਨ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾਣ। ਉਨ੍ਹਾਂ ਕਿਹਾ ਕਿ ਲੁਧਿਆਣਾ ਜ਼ਿਲ੍ਹੇ ਦੇ 14 ਵਿਧਾਨ ਸਭਾ ਹਲਕਿਆਂ ਵਿਚ ਚੋਣਾਂ ਨਿਰਪੱਖ ਤੇ ਅਮਨ-ਸ਼ਾਂਤੀ ਨਾਲ ਨੇਪਰੇ ਚਾੜ੍ਹਨ ਲਈ ਸੰਜੀਦਾ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਤੰਤਰ ਦੇ ਸਭ ਤੋਂ ਵੱਧ ਤਿਉਹਾਰ ਨੂੰ ਮਨਾਉਣ ਲਈ ਪ੍ਰਸ਼ਾਸਨ ਪੂਰੀ ਤਰ੍ਹਾਂ ਨਾਲ ਤਿਆਰ ਬਰ ਤਿਆਰ ਹੈ। ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਹੁਲ ਚਾਬਾ, ਵਧੀਕ ਡਿਪਟੀ ਕਮਿਸ਼ਨਰ (ਜਗਰਾਓਂ) ਡਾ. ਨਯਾਨ ਜੱਸਲ, ਤਹਿਸੀਲਦਾਰ ਚੋਣਾਂ ਅੰਜੂ ਬਾਲਾ ਅਤੇ ਡੀ.ਡੀ.ਐਫ.ਏ. ਪਿਊਸ਼ ਗੋਇਲ ਮੌਜੂਦ ਸਨ।

ਜ਼ਿਲ੍ਹਾ ਲੁਧਿਆਣਾ ਦੇ ਅਧਿਕਾਰੀਆਂ ਨੂੰ ਚੋਣ ਜ਼ਾਬਤੇ ਬਾਰੇ ਜਾਣਕਾਰੀ ਦੇਣ ਸਮੇਂ ਡੀ.ਸੀ. ਲੁਧਿਆਣਾ ਕਮ ਜ਼ਿਲ੍ਹਾ ਚੋਣ ਅਧਿਕਾਰੀ ਵਰਿੰਦਰ ਕੁਮਾਰ ਸ਼ਰਮਾ ਤੇ ਹਾਜ਼ਰ ਅਧਿਕਾਰੀ। ਤਸਵੀਰ-ਹਰਿੰਦਰ ਸਿੰਘ ਕਾਕਾ

ਵਿਧਾਇਕ ਵੈਦ ਦੀ ਅਗਵਾਈ ਹੇਠ ਹਲਕੇ ਦਾ ਹੋਇਆ ਸਰਬਪੱਖੀ ਵਿਕਾਸ-ਸਰਪੰਚ ਧਾਂਦਰਾ

ਫੁੱਲਾਂਵਾਲ, 3 ਜਨਵਰੀ (ਮਨਜੀਤ ਸਿੰਘ ਦੁੱਗਰੀ)- ਕਾਂਗਰਸ ਦੀ ਸੂਬਾ ਸਰਕਾਰ, ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਹਲਕੇ ਦੇ ਵਿਧਾਇਕ ਅਤੇ ਪੰਜਾਬ ਸਟੇਟ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੇ ਚੇਅਰਮੈਨ ਕਾਰਪੋਰੇਸ਼ਨ ਕੁਲਦੀਪ ਸਿੰਘ ਵੈਦ ਦੇ ਯਤਨਾਂ ਸਦਕਾ ਗਿੱਲ ਹਲਕੇ ਦਾ ਸਰਬਪੱਖੀ ਵਿਕਾਸ ਹੋਇਆ ਹੈ। ਵਿਧਾਇਕ ਵੈਦ ਨੇ ਜਿੱਥੇ ਧਾਂਦਰਾ ਪਿੰਡ ਵਾਸੀਆਂ ਦੀ ਚਿਰੋਕਣੇ ਸਮੇਂ ਤੋਂ ਮੰਗ ਸੀਵਰੇਜ ਸਿਸਟਮ ਦਾ ਕੰਮ ਕਰਵਾਇਆ, ਉੱਥੇ ਹੀ ਦੁੱਗਰੀ ਤੋਂ ਧਾਂਦਰਾ ਪਿੰਡ ਦੀ ਪਹੁੰਚ ਦਾ ਮੁਖ ਮਾਰਗ ਜਸਟਿਸ ਗੁਰਨਾਮ ਸਿੰਘ ਮਾਰਗ ਦੀ ਰਿਪੇਅਰ ਦਾ ਕੰਮ ਸ਼ੁਰੂ ਕਰਵਾਇਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਧਾਂਦਰਾ ਦੇ ਸਰਪੰਚ ਗੁਰਜੀਤ ਸਿੰਘ ਧਾਂਦਰਾ ਨੇ ਆਪਣੇ ਧਾਂਦਰਾ ਸਥਿਤ ਦਫਤਰ ਵਿਖੇ ਕੀਤਾ।

ਜਾਣਕਾਰੀ ਦਿੰਦੇ ਸਰਪੰਚ ਗੁਰਜੀਤ ਸਿੰਘ ਧਾਂਦਰਾ। ਤਸਵੀਰ-ਮਨਜੀਤ ਸਿੰਘ ਦੁੱਗਰੀ

ਵਾਰਡ ਨੰਬਰ 41 ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਸਮੇਂ ਹਲਕਾ ਆਤਮ ਨਗਰ ਦੇ ਇੰਚਾਰਜ ਕਮਲਜੀਤ ਸਿੰਘ ਕੜਵਲ, ਸੋਹਣ ਸਿੰਘ ਗੋਗਾ, ਰੇਸ਼ਮ ਸਿੰਘ ਸੱਗੂ ਨੂੰ ਸਨਮਾਨਿਤ ਕਰਦੇ ਇਲਾਕਾ ਨਿਵਾਸੀ। ਅਜੀਤ ਤਸਵੀਰ

ਕੜਵਲ ਵਲੋਂ ਵਾਰਡ-41 'ਚ ਵਿਕਾਸ ਕਾਰਜਾਂ ਦਾ ਉਦਘਾਟਨ

ਲੁਧਿਆਣਾ, 3 ਜਨਵਰੀ (ਪੁਨੀਤ ਬਾਵਾ)- ਵਿਧਾਨ ਸਭਾ ਹਲਕਾ ਆਤਮ ਨਗਰ ਅਧੀਨ ਪੈਂਦੇ ਵਾਰਡ ਨੰਬਰ 41 ਵਿਚ ਪੈਂਦੀਆਂ ਕਈ ਗਲੀਆਂ ਨੂੰ 34 ਲੱਖ ਰੁਪਏ ਦੀ ਲਾਗਤ ਨਾਲ ਬਣਾਉਣ ਦੇ ਕੰਮ ਦਾ ਉਦਘਾਟਨ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਕਮਲਜੀਤ ਸਿੰਘ ਕੜਵਲ ਨੇ ਕੀਤਾ। ਸ. ਕੜਵਲ ਦੇ ਨਾਲ ਸਾਬਕਾ ਕੌਂਸਲਰ ਸੋਹਣ ਸਿੰਘ ਗੋਗਾ ਤੇ ਵਾਰਡ ਇੰਚਾਰਜ ਰੇਸ਼ਮ ਸਿੰਘ ਸੱਗੂ ਹਾਜ਼ਰ ਸਨ ਅਤੇ ਉਨ੍ਹਾਂ ਨੇ ਸਾਂਝੇ ਤੌਰ 'ਤੇ ਪੰਜਾਬ ਨੈਸ਼ਨਲ ਬੈਂਕ ਵਾਲੀ ਗਲੀ 'ਚ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਆਪਣੇ ਸੰਬੋਧਨ ਵਿਚ ਸੋਹਣ ਸਿੰਘ ਗੋਗਾ ਅਤੇ ਰੇਸ਼ਮ ਸਿੰਘ ਸੱਗੂ ਨੇ ਪੰਜਾਬ ਸਰਕਾਰ, ਮੰਤਰੀ ਭਾਰਤ ਭੂਸ਼ਣ ਆਸ਼ੂ, ਹਲਕਾ ਇੰਚਾਰਜ ਕਮਲਜੀਤ ਸਿੰਘ ਕੜਵਲ ਅਤੇ ਮੇਅਰ ਬਲਕਾਰ ਸੰਧੂ ਦਾ ਧੰਨਵਾਦ ਕੀਤਾ। ਇਸ ਮੌਕੇ ਚਰਨਜੀਤ ਸਿੰਘ ਵਿਸ਼ਵਕਰਮਾ, ਅਮਰਜੀਤ ਸਿੰਘ ਜੱਸਲ, ਬਲਦੇਵ ਸਿੰਘ, ਸੁਰਜੀਤ ਸਿੰਘ ਖਾਲਸਾ, ਹਰਭਜਨ ਸਿੰਘ, ਵਿੱਕੀ ਕੁਲਾਰ, ਜਗਦੀਸ਼ ਸਿੰਘ ਕੁਲਾਰ, ਹਰਮੇਲ ਸਿੰਘ ਕੁਲਾਰ, ਜਸਵਿੰਦਰ ਸਿੰਘ, ਮਨਜੀਤ ਸਿੰਘ, ਅੱਛਰ ਸਿੰਘ ਸੈਂਸ, ਮਨਜੀਤ ਸਿੰਘ ਅਖਾੜਾ, ਸਵਰਨ ਸਿੰਘ, ਸੰਪੂਰਨ ਸਿੰਘ, ਬਲਬੀਰ ਸਿੰਘ ਬਿੱਟੂ, ਟੀਟੂ, ਪਰਮਜੀਤ ਸਿੰਘ ਪੰਮਾ, ਜਗਪਾਲ ਸਿੰਘ ਬਿੱਲਾ, ਐਮ.ਜੇ ਤਿੰਦੀ, ਸਾਇਸ਼, ਰਜਿੰਦਰ ਸਿੰਘ ਖੁਰਲ, ਰਵਿੰਦਰ ਸਿੰਘ ਰਿੰਕੂ, ਬਿਕਰਮ ਸਿੰਘ, ਆਕਾਸ਼ ਵਰਮਾ, ਤਰਲੋਕ ਸਿੰਘ, ਸੁਰਿੰਦਰ ਸਿੰਘ, ਸ਼ਿੰਦਾ ਸਮੇਤ ਹੋਰ ਇਲਾਕਾ ਨਿਵਾਸੀ ਹਾਜ਼ਰ ਸਨ। ਅਖੀਰ ਵਿਚ ਸਮੁੱਚੇ ਇਲਾਕਾ ਨਿਵਾਸੀਆਂ ਨੇ ਕਮਲਜੀਤ ਸਿੰਘ ਕੜਵਲ ਦਾ ਸਨਮਾਨ ਕਰਦੇ ਹੋਏ ਜੈਕਾਰੇ ਲਗਾ ਕੇ ਉਨ੍ਹਾਂ ਦਾ ਧੰਨਵਾਦ ਕਰਦਿਆਂ ਚੋਣਾਂ 'ਚ ਸਮਰਥਨ ਦੇਣ ਦਾ ਭਰੋਸਾ ਦਿੱਤਾ।

ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਦਫਤਰ ਵਿਖੇ ਬੀਬੀ ਰਜਿੰਦਰਪਾਲ ਕੌਰ ਛੀਨਾ ਦਾ ਸਨਮਾਨ ਕਰਦੇ ਹੋਏ ਆਗੂ ਅਤੇ ਅਹੁਦੇਦਾਰ। ਤਸਵੀਰ-ਹਰਿੰਦਰ ਸਿੰਘ ਕਾਕਾ

ਬੀਬੀ ਰਜਿੰਦਰਪਾਲ ਕੌਰ ਛੀਨਾ ਦਾ ਜ਼ਿਲ੍ਹਾ ਦਫਤਰ ਵਿਖੇ ਸਨਮਾਨ

ਲੁਧਿਆਣਾ, 3 ਜਨਵਰੀ (ਕਵਿਤਾ ਖੁੱਲਰ, ਅਮਰੀਕ ਸਿੰਘ ਬੱਤਰਾ)- ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਦੱਖਣੀ ਤੋਂ ਉਮੀਦਵਾਰ ਬੀਬੀ ਰਜਿੰਦਰਪਾਲ ਕੌਰ ਛੀਨਾ ਦਾ ਜ਼ਿਲ੍ਹਾ ਮੁੱਖ ਦਫਤਰ ਵਿਖੇ ਲੋਕ ਸਭਾ ਹਲਕਾ ਇੰਚਾਰਜ ਅਮਨਦੀਪ ਸਿੰਘ ਮੋਹੀ, ਸ਼ਹਿਰੀ ਪ੍ਰਧਾਨ ਸੁਰੇਸ਼ ਗੋਇਲ, ਦਿਹਾਤੀ ਪ੍ਰਧਾਨ ਹਰਭੁਪਿੰਦਰ ਸਿੰਘ ਧਰੋੜ, ਦਫਤਰ ਇੰਚਾਰਜ ਮਾਸਟਰ ਹਰੀ ਸਿੰਘ, ਮਹਿਲਾ ਵਿੰਗ ਜ਼ਿਲ੍ਹਾ ਪ੍ਰਧਾਨ ਨੀਤੂ ਵੋਹਰਾ, ਮੀਡੀਆ ਇੰਚਾਰਜ ਦੁਪਿੰਦਰ ਸਿੰਘ ਦੀ ਅਗਵਾਈ ਹੇਠ ਸਮਾਗਮ ਦੌਰਾਨ ਸਨਮਾਨ ਕੀਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਬੀਬੀ ਛੀਨਾ ਨੇ ਕਿਹਾ ਕਿ ਉਹ ਸਾਰੇ ਵਾਲੰਟੀਅਰਾਂ, ਸਾਥੀਆਂ ਨੂੰ ਨਾਲ ਲੈ ਕੇ ਇਕਜੁੱਟ ਕੇ ਹੋ ਕੇ ਚੱਲਣਗੇ ਤਾਂ ਜੋ ਸੀਟ ਵੱਡੇ ਫਰਕਨਾਲ ਜਿੱਤਕੇ ਪਾਰਟੀ ਦੀ ਝੋਲੀ ਪਾਈ ਜਾ ਸਕੇ। ਲੋਕ ਸਭਾ ਹਲਕਾ ਇੰਚਾਰਜ ਅਮਨਦੀਪ ਸਿੰਘ ਮੋਰੀ, ਸ਼ਹਿਰੀ ਪ੍ਰਧਾਨ ਸੁਰੇਸ਼ ਗੋਇਲ, ਦਿਹਾਤੀ ਪ੍ਰਧਾਨ ਹਰਭੁਪਿੰਦਰ ਸਿੰਘ ਧਰੋੜ ਨੇ ਕਿਹਾ ਕਿ ਸਾਰੀ ਪਾਰਟੀ ਇਕਜੁੱਟ ਹੋ ਕੇ ਚੋਣਾਂ ਲੜੇਗੀ ਅਤੇ ਜਿੱਤ ਪ੍ਰਾਪਤ ਕਰੇਗੀ। ਇਸ ਮੌਕੇ ਇੰਸਪੈਕਟਰ ਸੁਰਿੰਦਰ ਸ਼ਿੰਦਾ, ਨਾਨਕ ਸਿੰਘ, ਸਵਿਤਾ, ਕਿਰਨ ਭਾਟੀਆ, ਹਰਜੀਤ ਸਿੰਘ, ਰਮੇਸ਼ ਅਗਰਵਾਲ, ਨਿੱਕੀ ਕੋਹਲੀ, ਦਰਸ਼ਨ ਸਿੰਘ, ਪਵਨ ਸਹਾਰਨ, ਖਜਾਨਚੀ ਸੁਰਿੰਦਰ ਸੈਣੀ, ਜ਼ਿਲ੍ਹਾ ਸਕੱਤਰ ਸ਼ਰਨਪਾਲ ਸਿੰਘ ਮੱਕੜ,ਕਿਸਾਨ ਵਿੰਗ ਦੇ ਸੂਬਾ ਸਹਾਇਕ ਸਕੱਤਰ ਗੁਰਜੀਤ ਸਿੰਘ ਗਿੱਲ, ਯੂਥ ਵਿੰਗ ਸੂਬਾ ਸਕੱਤਰ ਪਰਮਵੀਰ ਸਿੰਘ, ਯੂਥ ਪ੍ਰਧਾਨ ਸੋਨੂੰ ਕਲਿਆਣ, ਐਸ. ਸੀ. ਵਿੰਗ ਦੇ ਪ੍ਰਧਾਨ ਧਰਮਿੰਦਰ ਸਿੰਘ ਫੌਜੀ, ਬੀ. ਸੀ. ਵਿੰਗ ਪ੍ਰਧਾਨ ਰਣਜੀਤ ਸਿੰਘ ਸੈਣੀ ਘੱਟ ਗਿਣਤੀ ਵਿੰਗ ਦੇ ਪ੍ਰਧਾਨ ਅਬਦੁਲ ਕਾਦਿਰ, ਜਗੀਰ ਸਿੰਘ ਪ੍ਰਧਾਨ, ਸੁਰਿੰਦਰ ਸਿੰਘ ਜੌਡੂ, ਇੰਦਰਜੀਤ ਵਰਮਾ, ਕਰਨ ਸ਼ਰਮਾ, ਸੁਨੀਲ ਕੁਮਾਰ ਜੌਹਰ, ਡਾਕਟਰ ਜਸਬੀਰ ਸਿੰਘ, ਲਖਵੀਰ ਸਿੰਘ, ਵਿਨੋਦ ਕੁਮਾਰ ਆਦਿ ਮੌਜੂਦ ਸਨ।

ਰੋਸ ਧਰਨੇ 'ਤੇ ਬੈਠੇ ਆਤਮ ਨਿਰਭਰ ਪੰਜਾਬ ਜਥੇਬੰਦੀ ਦੇ ਆਗੂ। ਅਜੀਤ ਤਸਵੀਰ

ਦਾਜ ਲਈ ਤੰਗ ਕਰਨ 'ਤੇ ਮਾਮਲਾ ਦਰਜ

ਲੁਧਿਆਣਾ, 3 ਜਨਵਰੀ (ਪਰਮਿੰਦਰ ਸਿੰਘ ਆਹੂਜਾ)- ਦਾਜ ਖਾਤਰ ਵਿਆਹੁਤਾ ਨੂੰ ਤੰਗ ਕਰਨ ਦੇ ਦੋਸ਼ ਤਹਿਤ ਸਹੁਰੇ ਪਰਿਵਾਰ ਦੇ ਮੈਂਬਰਾਂ ਖ਼ਿਲਾਫ਼ ਕੇਸ ਦਰਜ ਕੀਤੇ ਹਨ। ਪੁਲਿਸ ਵਲੋਂ ਪਹਿਲੇ ਮਾਮਲੇ ਵਿਚ ਮਨਮੀਤ ਕੌਰ ਵਾਸੀ ਮਾਡਲ ਟਾਊਨ ਐਕਸਟੈਨਸ਼ਨ ਦੀ ਸ਼ਿਕਾਇਤ 'ਤੇ ਚੰਨਜੋਤ ਸਿੰਘ ਸਰਵ ਨੈਨ ਕੌਰ ਮਨਜੋਤ ਸਿੰਘ ਹੈਦਰਾਬਾਦ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਪੁਲਿਸ ਪਾਸ ਲਿਖਵਾਈ ਮੁੱਢਲ